# ਪੰਜਾਬ ਵਿਧਾਨ ਸਭਾ

ਛੇਵਾਂ (ਬਜਟ) ਸਮਾਗਮ

ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ

## 07 ਮਾਰਚ, 2024

----

ਕੁੱਲ ਪ੍ਰਸ਼ਨ - 15

----

### ਸੁਰੱਖਿਅਤ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣਾ

338 ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):

**ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਅਤੇ ਸੈਨੀਟੇਸ਼ਨ :=** ਕੀ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਰਾਜ ਸਰਕਾਰ ਸਿੱਖਿਆ ਦੇ ਅਧਿਕਾਰ, ਖੁਰਾਕ ਦੇ ਅਧਿਕਾਰ ਅਤੇ ਸੂਚਨਾ ਦੇ ਅਧਿਕਾਰ ਕਾਨੂੰਨਾਂ ਵਾਂਗ ਹਰੇਕ ਨਾਗਰਿਕ ਨੂੰ ਬਿਨਾਂ ਕਿਸੇ ਪ੍ਰਦੂਸ਼ਣ ਦੇ ਸੁਰੱਖਿਅਤ ਪੀਣ ਵਾਲੇ ਪਾਣੀ ਦਾ ਅਧਿਕਾਰ ਦੇਣ ਲਈ ਇੱਕ ਵਿਸ਼ੇਸ਼ ਕਾਨੂੰਨ ਬਣਾਉਣ ਜਾ ਰਹੀ ਹੈ; ਜੇਕਰ ਅਜਿਹਾ ਹੈ ਤਾਂ ਰਾਜ ਵਿੱਚ ਧਰਤੀ ਹੇਠਲੇ ਪਾਣੀ ਦੇ ਪ੍ਰਦੂਸ਼ਣ ਵਿੱਚ ਤੇਜ਼ੀ ਨਾਲ ਵਾਧੇ ਦੇ ਮੱਦੇਨਜ਼ਰ, ਰਾਜ ਸਰਕਾਰ ਦੁਆਰਾ ਸੁਰੱਖਿਅਤ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਕੀ ਕਦਮ ਚੁੱਕੇ ਗਏ ਹਨ; ਵੇਰਵੇ ਸਹਿਤ ਦੱਸਿਆ ਜਾਵੇ?

----

### ਟਰਾਂਸਪੋਰਟ ਦੀ ਫਲੀਟ ਵਿੱਚ ਹੋਰ ਨਵੀਂਆਂ ਬੱਸਾਂ ਸ਼ਾਮਲ ਕਰਨਾ

344 ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):

ਟਰਾਂਸਪੋਰਟ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ :=

ਕੀ ਟਰਾਂਸਪੋਰਟ ਮੰਤਰੀ ਕਿਰਪਾ ਦੱਸਣਗੇ ਕਿ ਬੱਸਾਂ ਵਿੱਚ 52 ਤੋਂ ਵੱਧ ਯਾਤਰੀਆਂ ਨੂੰ ਲਿਜਾਣਾ ਗੈਰ ਕਾਨੂੰਨੀ ਹੋਣ ਕਾਰਨ ਰਾਜ ਦੇ ਲੋਕਾਂ ਨੂੰ ਆਪਣੇ ਰੋਜ਼ਮਰਾ ਦੇ ਕੰਮਾਂ-ਕਾਰਾਂ ਲਈ ਆਉਂਣ-ਜਾਣ ਵਿੱਚ ਹੋ ਰਹੀਆਂ ਪ੍ਰੇਸ਼ਾਨੀਆਂ ਤੇ ਟਰਾਂਸਪੋਰਟ ਵਿਭਾਗ ਨੂੰ ਪੈ ਰਹੇ ਘਾਟੇ ਨੂੰ ਧਿਆਨ ਵਿੱਚ ਰੱਖਦੇ ਹੋਏ ਕੀ ਰਾਜ ਸਰਕਾਰ ਟਰਾਂਸਪੋਰਟ ਦੀ ਫਲੀਟ ਵਿੱਚ ਹੋਰ ਨਵੀਂਆਂ ਬੱਸਾਂ ਸ਼ਾਮਲ ਕਰਨ ਅਤੇ ਰਾਜ ਦੇ ਬੇਰੁਜ਼ਗਾਰ ਨੌਜਵਾਨਾਂ ਨੂੰ ਪਹਿਲਾਂ ਤੋਂ ਐਲਾਨੇ ਹੋਏ ਪ੍ਰੋਗਰਾਮ ਅਨੁਸਾਰ ਰਿਆਤ ਤੇ ਬੱਸਾਂ ਦੇ ਪਰਮਿਟ ਦੇਣ ਦੀ ਕਿਸੇ ਤਜਵੀਜ਼ ਤੇ ਵਿਚਾਰ ਕਰ ਰਹੀ ਹੈ; ਜੇਕਰ ਹਾਂ ਤਾਂ ਕਦੋਂ ਤੱਕ; ਵੇਰਵੇ ਸਹਿਤ ਦੱਸਿਆ ਜਾਵੇ?

----

## ਰਾਜ ਵਿੱਚ ਵੱਧ ਤੋਂ ਵੱਖ ਰੁੱਖ ਲਗਾਉਣ, ਉਨ੍ਹਾਂ ਦੀ ਸਾਂਭ-ਸੰਭਾਲ ਤੇ ਸੁਰੱਖਿਆ ਦਾ ਪ੍ਰਬੰਧ ਕਰਨਾ

**347 ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):**

**ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ :=**

ਕੀ ਜੰਗਲਾਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਸੂਬੇ ਦੇ ਗੰਧਲੇ ਹੋ ਰਹੇ ਵਾਤਾਵਰਣ ਕਾਰਨ ਮਨੁੱਖਤਾ, ਪਸ਼ੂ ਅਤੇ ਪੰਛੀਆਂ ਤੇ ਪੈਣ ਵਾਲੇ ਖ਼ਤਰਨਾਕ ਪ੍ਰਭਾਵਾਂ ਤੋਂ ਬਚਾਉਣ ਲਈ ਰਾਜ ਵਿੱਚ ਵੱਧ ਤੋਂ ਵੱਧ ਰੁੱਖ ਲਗਾਉਣ, ਉਨ੍ਹਾਂ ਦੀ ਸਾਂਭ-ਸੰਭਾਲ ਤੇ ਸੁਰੱਖਿਆ ਅਤੇ ਪਹਿਲਾਂ ਤੋਂ ਲੱਗੇ ਹੋਏ ਦਰੱਖਤਾਂ ਦੀ ਨਜਾਇਜ਼ ਕਟਾਈ ਨੂੰ ਰੋਕਣ ਲਈ ਇੱਕ ਢੁੱਕਵਾਂ ਕਾਨੂੰਨ ਬਣਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

## ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਅਤੇ ਉਨ੍ਹਾਂ ਵਿੱਚ ਮੰਜੂਰਸ਼ੁਦਾ ਅਸਾਮੀਆਂ ਦੇ ਵੇਰਵੇ

**351 ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ :-**

ਕੀ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਮੰਤਰੀ ਕਿਰਪਾ ਕਰਕੇ ਦੱਸ਼ਣਗੇ ਕਿ:-

**ੳ**) ਰਾਜ ਵਿੱਚ ਸਾਲ, 2021 ਵਿੱਚ ਕਿੰਨੀਆਂ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਸਨ ਤੇ ਹੁਣ ਕਿੰਨੀਆਂ ਹਨ ਅਤੇ ਇਨ੍ਹਾਂ ਵਿੱਚ ਵੱਖ-ਵੱਖ ਟ੍ਰੇਡਾਂ ਦੀਆਂ ਸੀਟਾਂ ਦੀ ਕਿੰਨੀ-ਕਿੰਨੀ ਗਿਣਤੀ ਸੀ; ਕੀ ਸਰਕਾਰ ਅਜਿਹੀਆਂ ਹੋਰ ਨਵੀਆਂ ਸੰਸਥਾਵਾਂ ਖੋਲ੍ਹਣ ਅਤੇ ਸੀਟਾਂ ਵਿੱਚ ਵਾਧਾ ਕਰਨ ਦੀ ਕਿਸੇ ਤਜਵੀਜ਼ ਤੇ ਵਿਚਾਰ ਕਰ ਰਹੀ ਹੈ; ਜੇਕਰ ਹਾਂ ਤਾਂ ਕਦੋਂ ਤੱਕ;

**ਅ**) ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਵਿੱਚ ਟੀਚਿੰਗ ਅਤੇ ਨਾਨ ਟੀਚਿੰਗ ਦੀਆਂ ਕਿੰਨੀਆਂ-ਕਿੰਨੀਆਂ ਮਨਜ਼ੂਰਸ਼ੁਦਾ ਅਸਾਮੀਆਂ ਹਨ, ਇਸ ਵੇਲੇ ਇਨ੍ਹਾਂ ਅਸਾਮੀਆਂ ਤੇ ਕਿੰਨੇ ਰੈਗੂਲਰ ਤੇ ਕਿੰਨੇ ਕੱਚੇ ਮੁਲਾਜ਼ਮ ਸੇਵਾਵਾਂ ਨਿਭਾ ਰਹੇ ਹਨ ਅਤੇ ਕਿੰਨੀਆਂ ਅਸਾਮੀਆਂ ਪਿਛਲੇ ਕਿੰਨੇ ਚਿਰ ਤੋਂ ਖਾਲੀ ਪਈਆਂ ਹਨ, ਇਨ੍ਹਾਂ ਅਸਾਮੀਆਂ ਨੂੰ ਖਾਲੀ ਰੱਖਣ ਦੇ ਕੀ ਕਾਰਨ ਹਨ; ਖਾਲੀ ਅਸਾਮੀਆਂ ਕਦੋਂ ਤੱਕ ਭਰ ਦਿੱਤੀਆਂ ਜਾਣਗੀਆਂ ਅਤੇ ਕੱਚੇ ਮੁਲਾਜ਼ਮਾਂ ਨੂੰ ਕਦੋਂ ਤੱਕ ਰੈਗੂਲਰ ਕਰ ਦਿੱਤਾ ਜਾਵੇਗਾ; ਵੇਰਵੇ ਸਾਹਿਤ ਦੱਸਿਆ ਜਾਵੇ?

----

## ਸੂਬੇ ਨੂੰ ਕੇਂਦਰ ਦੀ 'ਅਟਲ ਭੂ ਜਲ ਯੋਜਨਾ' ਵਿੱਚ ਸ਼ਾਮਿਲ ਕਰਵਾਉਣਾ

**377 ਡਾ. ਨਛੱਤਰ ਪਾਲ (ਨਵਾਂ ਸ਼ਹਿਰ ):**

**ਰੱਖਿਆ ਸੇਵਾਵਾਂ ਭਲਾਈ, ਆਜ਼ਾਦੀ ਘੁਲਾਟੀਆਂ, ਬਾਗਬਾਨੀ, ਸੂਚਨਾ ਅਤੇ ਲੋਕ ਸੰਪਰਕ, ਖਾਨ ਅਤੇ ਭੂ-ਵਿਗਿਆਨ, ਜਲ ਸਰੋਤ ਅਤੇ ਜ਼ਮੀਨ ਅਤੇ ਪਾਣੀ ਦੀ ਸੰਭਾਲ :-**

ਕੀ ਭੂਮੀ ਅਤੇ ਪਾਣੀ ਦੀ ਸੰਭਾਲ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਰਾਜ ਵਿੱਚ ਧਰਤੀ ਹੇਠਲੇ ਪਾਣੀ ਦੇ ਲਗਾਤਾਰ ਘੱਟਣ ਕਾਰਨ ਸੂਬੇ ਦੇ ਹਾਲਾਤ ਚਿੰਤਾਜਨਕ ਬਣਦੇ ਜਾ ਰਹੇ ਹਨ ਅਤੇ ਕੇਂਦਰ ਸਰਕਾਰ ਵੱਲੋਂ ਅਜਿਹੇ ਹਾਲਾਤਾਂ ਦੇ ਬਾਵਜੂਦ ਸੂਬੇ ਨੂੰ 'ਅਟਲ ਭੂ ਜਲ ਯੋਜਨਾ' ਵਿੱਚ ਸ਼ਾਮਿਲ ਨਾ ਕਰਕੇ ਪੰਜਾਬ ਨਾਲ ਵਿਤਕਰਾ ਕੀਤਾ ਹੈ;

ਅ) ਜੇਕਰ ਉਪਰੋਕਤ ਭਾਗ (ੳ) ਦਾ ਉੱਤਰ ਹਾਂ ਵਿੱਚ ਹੋਵੇ ਤਾਂ ਰਾਜ ਸਰਕਾਰ ਵੱਲੋਂ ਕੇਂਦਰ ਸਰਕਾਰ ਤੋਂ ਸੂਬੇ ਨੂੰ 'ਅਟਲ ਭੂ ਜਲ ਯੋਜਨਾ' ਵਿੱਚ ਸ਼ਾਮਿਲ ਕਰਵਾਉਣ ਲਈ ਸਾਲ, 2020 ਤੋਂ ਹੁਣ ਤੱਕ ਕੇਂਦਰ ਕੋਲ ਕਿਹੜੇ-ਕਿਹੜੇ ਤੱਥਾਂ ਦੇ ਅਧਾਰ ਤੇ ਕਦੋਂ-ਕਦੋਂ ਕੀ-ਕੀ ਕਾਰਵਾਈ ਕੀਤੀ ਗਈ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

**ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਦੀ ਪੁਰਾਣੀ ਗ੍ਰਾਂਟ ਦੇ ਵੇਰਵੇ**

**383 ਡਾ. ਨਛੱਤਰ ਪਾਲ (ਨਵਾਂ ਸ਼ਹਿਰ):**

**ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀਆਂ, ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ :-**

ਕੀ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਰਾਜ ਦੇ ਦਸਵੀਂ ਪਾਸ ਕਰ ਚੁੱਕੇ ਵਿਦਿਆਰਥੀਆਂ ਦੀ 'ਪੋਸਟ ਮੈਟ੍ਰਿਕ ਸਕਾਲਰਸ਼ਿਪ' ਸਕੀਮ ਦੀ ਪੁਰਾਣੀ ਗ੍ਰਾਂਟ ਦਾ ਰਾਜ ਸਰਕਾਰ ਵੱਲੋਂ ਕੇਂਦਰ ਸਰਕਾਰ ਨੂੰ ਸਮੇਂ ਸਿਰ ਹਿਸਾਬ ਨਾ ਦੇਣ ਕਾਰਨ ਇਸ ਸਕੀਮ ਦੇ ਕੁਝ ਫੰਡ ਕੇਂਦਰ ਸਰਕਾਰ ਨੂੰ ਵਾਪਿਸ ਚਲੇ ਗਏ ਹਨ;

ਅ) ਜੇਕਰ ਉਪਰੋਕਤ ਭਾਗ (ੳ) ਦਾ ਉੱਤਰ ਹਾਂ ਵਿੱਚ ਹੋਵੇ ਤਾਂ ਕਿੰਨੇ ਫ਼ੰਡ ਕਿਹੜੇ-ਸਾਲ ਵਿੱਚ ਕੇਂਦਰ ਸਰਕਾਰ ਨੂੰ ਵਾਪਸ ਚਲੇ ਗਏ ਅਤੇ ਜੇਕਰ ਨਹੀਂ ਤਾਂ ਸਾਲ, 2019-2020 ਤੋਂ ਹੁਣ ਤੱਕ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ ਰਾਜ ਸਰਕਾਰ ਨੂੰ ਕੇਂਦਰ ਸਰਕਾਰ ਤੋਂ ਕਿੰਨੀ-ਕਿੰਨੀ ਗ੍ਰਾਂਟ ਕਦੋਂ-ਕਦੋਂ ਪ੍ਰਾਪਤ ਹੋਈ, ਇਸ ਗ੍ਰਾਂਟ ਦਾ ਕੇਂਦਰ ਸਰਕਾਰ ਨੂੰ ਵਰਤੋਂ ਸਰਟਫਿ਼ਕੇਟ ਭੇਜਣ ਦਾ ਸਹੀ ਸਮਾਂ ਕੀ ਸੀ ਅਤੇ ਰਾਜ ਸਰਕਾਰ ਵੱਲੋਂ ਕਦੋਂ-ਕਦੋਂ ਵਰਤੋਂ ਸਰਟੀਫਿ਼ਕੇਟ ਕੇਂਦਰ ਸਰਕਾਰ ਨੂੰ ਭੇਜਿਆ ਗਿਆ; ਵੇਰਵੇ ਸਹਿਤ ਦੱਸਿਆ ਜਾਵੇ?

----

**ਕੇਂਦਰ ਸਰਕਾਰ ਦੀ 'ਮਿਸ਼ਨ ਅੰਮ੍ਰਿਤ ਸਰੋਵਰ' ਯੋਜਨਾ ਤਹਿਤ ਕੀਤੇ ਕੰਮਾਂ ਦੇ ਵੇਰਵੇ**

**385 ਡਾ. ਨਛੱਤਰ ਪਾਲ (ਨਵਾਂ ਸ਼ਹਿਰ):**

**ਟਰਾਂਸਪੋਰਟ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ :-**

ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਦੱਸਣਗੇ ਕਿ :-

**ੳ**) ਕੀ ਇਹ ਠੀਕ ਹੈ ਕਿ ਰਾਜ ਸਰਕਾਰ ਕੇਂਦਰ ਸਰਕਾਰ ਦੀ 'ਮਿਸ਼ਨ ਅੰਮ੍ਰਿਤ ਸਰੋਵਰ' ਨਾਮ ਦੀ ਯੋਜਨਾ ਦਾ ਲਾਭ ਲੈਣ ਤੋਂ ਵਾਂਝਾ ਰਹਿ ਗਿਆ ਹੈ;

**ਅ**) ਜੇਕਰ ਉਪਰੋਕਤ ਭਾਗ (ੳ) ਦਾ ਉੱਤਰ ਹਾਂ ਵਿੱਚ ਹੋਵੇ ਤਾਂ ਇਸ ਦੇ ਕੀ ਕਾਰਨ ਹਨ ਅਤੇ ਜੇਕਰ ਨਹੀਂ ਤਾਂ ਰਾਜ ਸਰਕਾਰ ਵੱਲੋਂ ਇਸ ਸਕੀਮ ਅਧੀਨ ਸਾਲ, 2022-23 ਅਤੇ 2023-24 ਵਿੱਚ ਹੁਣ ਤੱਕ ਰਾਜ ਦੇ ਜਿਲਿਆਂ ਦੇ

ਕਿਹੜੇ ਪਿੰਡਾਂ ਵਿਚਲੇ ਕਿੰਨੇ-ਕਿੰਨੇ ਟੋਭੇ ਅਤੇ ਛੱਪੜਾਂ ਦੇ ਅਕਾਰ ਵਿੱਚ ਵਾਧਾ ਕਰਨ, ਉਨ੍ਹਾਂ ਦੀ ਮੁਰੰਮਤ ਅਤੇ ਨਵੀਨੀਕਰਨ ਦੀ ਸ਼ਨਾਖ਼ਤ ਕੀਤੀ ਗਈ ਸੀ ਅਤੇ ਇਨ੍ਹਾਂ ਸਾਲਾਂ ਦੌਰਾਨ ਸਰਕਾਰ ਵੱਲੋਂ ਕਿੰਨੇ ਫੰਡ ਖ਼ਰਚ ਕਰਕੇ ਕਿਹੜੇ-ਕਿਹੜੇ ਕੰਮ ਕੀਤੇ ਗਏ; ਵੇਰਵੇ ਸਾਹਿਤ ਦੱਸਿਆ ਜਾਵੇ?

----

**ਸੈਂਟਰਲੀ ਸਪਾਂਸਰਡ 'ਨੈਸ਼ਨਲ ਹੈਲਥ ਮਿਸ਼ਨ' ਯੋਜਨਾ ਤਹਿਤ ਕੀਤੇ ਗਏ ਕੰਮਾਂ ਦੇ ਵੇਰਵੇ**

**386 ਡਾ. ਨਛੱਤਰ ਪਾਲ (ਨਵਾਂ ਸ਼ਹਿਰ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ :-**

ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ :-

**ੳ)** ਕੀ ਇਹ ਠੀਕ ਹੈ ਕਿ ਰਾਜ, ਸੈਂਟਰਲੀ ਸਪਾਂਸਰਡ 'ਨੈਸ਼ਨਲ ਹੈਲਥ ਮਿਸ਼ਨ' ਨਾਮ ਦੀ ਯੋਜਨਾ ਦਾ ਲਾਭ ਲੈਣ ਤੋਂ ਵਾਂਝਾ ਰਹਿ ਗਿਆ ਹੈ;

**ਅ)** ਜੇਕਰ ਉਪਰੋਕਤ ਭਾਗ (ੳ) ਦਾ ਉੱਤਰ ਹਾਂ ਵਿੱਚ ਹੋਵੇ ਤਾਂ ਕੇਂਦਰ ਸਰਕਾਰ ਵੱਲੋਂ ਇਸ ਸਕੀਮ ਦੇ ਕਿੰਨੇ-ਕਿੰਨੇ ਪੈਸੇ ਕਿਨ੍ਹਾਂ ਕਾਰਨਾਂ ਕਰਕੇ ਰੋਕੇ ਹਨ ਅਤੇ ਰਾਜ ਸਰਕਾਰ ਵੱਲੋਂ 'ਨੈਸ਼ਨਲ ਹੈਲਥ ਮਿਸ਼ਨ' ਦਾ ਪੈਸਾ ਪ੍ਰਾਪਤ ਕਰਨ ਲਈ ਕੀ ਕਾਰਵਾਈ ਕੀਤੀ ਗਈ ਹੈ; ਜੇਕਰ ਨਹੀਂ ਤਾਂ ਇਸ ਸਕੀਮ ਅਧੀਨ ਸਾਲ, 2022-23 ਅਤੇ 2023-24 ਵਿੱਚ ਹੁਣ ਤੱਕ ਕੇਂਦਰ ਅਤੇ ਰਾਜ ਸਰਕਾਰ ਨੇ ਕਿੰਨੇ-ਕਿੰਨੇ ਫ਼ੰਡ ਖ਼ਰਚ ਕਰਕੇ ਰਾਜ ਦੇ ਲੋਕਾਂ ਨੂੰ ਕਿਹੜੀਆਂ-ਕਿਹੜੀਆਂ ਸਿਹਤ ਸਹੂਲਤਾਂ ਦਿੱਤੀਆਂ ਗਈਆਂ ਹਨ; ਵੇਰਵੇ ਸਾਹਿਤ ਦੱਸਿਆ ਜਾਵੇ?

----

**ਜਗਰਾਉ੍ਹਂ ਦੀ ਅਨਾਜ ਮੰਡੀ ਵਿੱਚ ਆੜ੍ਹਤੀਆ ਭਵਨ ਬਣਾਉਣਾ**

**389 ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ (ਜਗਰਾਉਂ):**

**ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ :=**

ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਹਲਕਾ ਜਗਰਾਉਂ ਦੀ ਅਨਾਜ ਮੰਡੀ ਵਿੱਚ ਆੜ੍ਹਤੀਆ ਭਵਨ ਬਣਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋ ਤੱਕ?

----

**ਸੋਲਰ ਊਰਜਾ ਦੀ ਵਰਤੋਂ ਨੂੰ ਵਧਾਉਣ ਲਈ ਸਬਸਿਡੀ ਦੇਣਾ**

**390 ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ (ਜਗਰਾਉਂ):**

**ਨਵੇਂ ਅਤੇ ਨਵਿਆਉਣਯੋਗ ਊਰਜਾ ਸਰੋਤ, ਪ੍ਰਿੰਟਿੰਗ ਅਤੇ ਸਟੇਸ਼ਨਰੀ, ਪ੍ਰਸ਼ਾਸਨਿਕ ਸੁਧਾਰਾਂ ਅਤੇ ਜਨਤਕ ਸ਼ਿਕਾਇਤਾਂ, ਰੋਜ਼ਗਾਰ ਉਤਪਤੀ ਅਤੇ ਸਿਖਲਾਈ :=**

ਕੀ ਨਵੀਂ ਅਤੇ ਨਵੀਆਊਣਯੋਗ ਊਰਜਾ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਸੋਲਰ ਊਰਜਾ ਦੀ ਵਰਤੋਂ ਨੂੰ ਵਧਾਉਣ

ਲਈ ਇਸ ਉੱਪਰ ਸਬਸਿਡੀ ਦੇਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਅਜਿਹਾ ਹੈ ਤਾਂ ਉਸਦੇ ਵੇਰਵੇ ਕੀ ਹਨ?

----

## ਅਬੋਹਰ ਕੈਨਾਲ ਬ੍ਰਾਂਚ ਦੇ ਪੁੱਲ ਦਾ ਕੰਮ ਮੁਕੰਮਲ ਕਰਵਾਉਣਾ

391 **ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ (ਜਗਰਾਉਂ):**

**ਲੋਕ ਨਿਰਮਾਣ, ਬਿਜਲੀ :=**

ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਜਗਰਾਉਂ ਅਧੀਨ ਅਬੋਹਰ ਕੈਨਾਲ ਬ੍ਰਾਂਚ ਉੱਪਰ ਪਾਸ ਕੀਤੇ ਪੁੱਲ ਦਾ ਕੰਮ ਵਿਚਾਲੇ ਹੀ ਰੁਕਿਆ ਪਿਆ ਹੈ; ਜੇਕਰ ਅਜਿਹਾ ਹੈ ਤਾਂ ਇਸ ਨੂੰ ਕਦੋਂ ਤੱਕ ਮੁਕੰਮਲ ਕਰਕੇ ਸ਼ੁਰੂ ਕੀਤਾ ਜਾਵੇਗਾ?

----

## ਪਿੰਡ ਮਲਕ ਚੀਮਨਾ ਤੋਂ ਬੁਰਜਗੜ੍ਹ ਸੜਕ ਦਾ ਕੰਮ ਮੁਕੰਮਲ ਕਰਨਾ

392 **ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ (ਜਗਰਾਉਂ):**

**ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ :=**

ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਲਕਾ ਜਗਰਾਉਂ ਦੇ ਪਿੰਡ ਮਲਕ ਚੀਮਨਾ ਤੋਂ ਬੁਰਜਗੜ੍ਹ ਰੋਡ ਦੀ ਹਾਲਤ ਬਹੁਤ ਖਰਾਬ ਹੈ ਅਤੇ ਇਸਦਾ ਕੰਮ ਮੁਕੰਮਲ ਨਹੀਂ ਕੀਤਾ ਗਿਆ; ਜੇਕਰ ਅਜਿਹਾ ਹੈ ਤਾਂ ਕੀ ਇਸ ਸੜਕ ਦਾ ਕੰਮ ਮੁਕੰਮਲ ਕਰਨ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

## ਖਡੂਰ ਸਾਹਿਬ ਦੇ ਸਕੂਲਾਂ ਵਿੱਚ ਅਧਿਆਪਕਾਂ/ਨਾਨ ਟੀਚਿੰਗ ਅਮਲੇ ਦੀਆਂ ਅਸਾਮੀਆਂ ਦੇ ਵੇਰਵੇ

394 **ਸ. ਮਨਜਿੰਦਰ ਸਿੰਘ ਲਾਲਪੁਰਾ (ਖਡੂਰ ਸਾਹਿਬ ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ :=**

ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਹਲਕਾ ਖਡੂਰ ਸਾਹਿਬ ਦੇ ਸਕੂਲਾਂ ਵਿੱਚ ਮਾਸਟਰ/ਲੈਕਚਰਾਰਾਂ/ਹੈੱਡ ਮਾਸਟਰ/ ਪ੍ਰਿੰਸੀਪਲਾਂ/ਨਾਨ ਟੀਚਿੰਗ ਅਮਲੇ ਦੀਆਂ ਦੀਆਂ ਕਿੰਨੀਆਂ ਮਨਜੂਰਸ਼ੁਦਾ ਅਸਾਮੀਆਂ ਹਨ; ਇਨ੍ਹਾਂ ਵਿਚੋਂ ਕਿੰਨੀਆਂ ਭਰੀਆਂ ਹਨ ਅਤੇ ਕਿੰਨੀਆਂ ਖਾਲੀ ਹਨ, ਖਾਲੀ ਅਸਾਮੀਆਂ ਕਦੋਂ ਤੱਕ ਭਰ ਦਿੱਤੀਆਂ ਜਾਣਗੀਆਂ; ਵੇਰਵੇ ਸਹਿਤ ਦੱਸਿਆ ਜਾਵੇ?

----

**ਯੋਜਨਾ ਅਤੇ ਅੰਕੜਾ ਵਿਭਾਗ ਨੂੰ ਸਾਲ 2022-23 ਅਤੇ 2023-24 ਦੌਰਾਨ ਜਾਰੀ ਕੀਤੀ ਗਈ ਗ੍ਰਾਂਟ ਦੇ ਵੇਰਵੇ**

**395 ਸ. ਮਨਜਿੰਦਰ ਸਿੰਘ ਲਾਲਪੁਰਾ (ਖਡੂਰ ਸਾਹਿਬ ):**

**ਵਿੱਤ, ਯੋਜਨਾ, ਪ੍ਰੋਗਰਾਮ ਲਾਗੂ ਕਰਨ, ਆਬਕਾਰੀ ਅਤੇ ਕਰ :=**

ਕੀ ਵਿੱਤ ਤੇ ਯੋਜਨਾ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਤਰਨ ਤਾਰਨ ਦੇ ਯੋਜਨਾ ਅਤੇ ਅੰਕੜਾ ਵਿਭਾਗ ਨੂੰ ਸਾਲ 2022-23 ਅਤੇ 2023-24 ਦੇ ਬਜਟ ਵਿੱਚ ਕਿੰਨੀ ਰਾਸ਼ੀ ਅਲਾਟ ਕੀਤੀ ਗਈ ਸੀ ਅਤੇ ਕਿੰਨੀ ਰਾਸ਼ੀ ਮੁਹੱਈਆ ਕਰਵਾਈ ਗਈ ਸੀ; ਸਾਲ 2022-23 ਅਤੇ 2023-24 ਦੌਰਾਨ ਜਾਰੀ ਕੀਤੀ ਗਈ ਗ੍ਰਾਂਟ ਵਿੱਚੋ ਜਿਲ੍ਹਾ ਤਰਨ ਤਾਰਨ ਅਤੇ ਹਲਕਾ ਖਡੂਰ ਸਾਹਿਬ ਲਈ ਕਿੰਨੀ ਗ੍ਰਾਂਟ ਖਰਚ ਕੀਤੀ ਗਈ ਹੈ ਤੇ ਕਿਹੜੇ ਕੰਮ ਲਈ ਖਰਚ ਕੀਤੀ ਗਈ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

**ਹਲਕਾ ਖਡੂਰ ਸਾਹਿਬ ਅਧੀਨ ਆਉਦੇ ਪਿੰਡਾਂ ਨੂੰ ਪ੍ਰਾਪਤ ਹੋਈਆਂ ਗ੍ਰਾਂਟਾਂ ਦੇ ਵੇਰਵੇ**

**396 ਸ. ਮਨਜਿੰਦਰ ਸਿੰਘ ਲਾਲਪੁਰਾ (ਖਡੂਰ ਸਾਹਿਬ ):**

**ਟਰਾਂਸਪੋਰਟ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ :=**

ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਹਲਕਾ ਖਡੂਰ ਸਾਹਿਬ ਵਿੱਚ ਜਿਲ੍ਹਾ ਤਰਨ ਤਾਰਨ ਦੇ ਅਧੀਨ ਆਉਂਦੇ ਬਲਾਕ ਖਡੂਰ ਸਾਹਿਬ, ਬਲਾਕ ਨੌਸ਼ਹਿਰਾ ਪਨੂੰਆਂ, ਬਲਾਕ ਚੋਹਲਾ ਸਾਹਿਬ ਅਤੇ ਬਲਾਕ ਤਰਨ ਤਾਰਨ ਦੇ ਪਿੰਡਾਂ ਨੂੰ ਸਾਲ 2021-22 ਤੋਂ ਹੁਣ ਤੱਕ ਕੇਂਦਰ ਸਰਕਾਰ ਵੱਲੋਂ ਅਤੇ ਪੰਜਾਬ ਸਰਕਾਰ ਵੱਲੋਂ ਕਿਹੜੀ-ਕਿਹੜੀ ਸਕੀਮ ਅਧੀਨ ਕਿੰਨੀ-ਕਿੰਨੀ ਗ੍ਰਾਂਟ ਜਾਰੀ ਕੀਤੀ ਗਈ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

**ਚੰਡੀਗੜ੍ਹ, 160001.** **ਰਾਮ ਲੋਕ ਖਟਾਣਾ,**

**ਮੰਗਲਵਾਰ 5 ਮਾਰਚ 2024.** **ਸਕੱਤਰ**